# BUILDING SAFETY CERTIFICATE

**Subject:-** **Building Safety Certificate for Mighty Khalsa International School, Sri Anandpur Sahib Distt-Rupnagar.**

Mighty Khalsa International School, Sri Anandpur Sahib Distt-Rupnagar ਦੀ ਬਿਲਡਿੰਗ ਨੂੰ ਧਿਆਨ ਵਿੱਚ ਰੱਖਦੇ ਹੋਵੇ ਬਿਲਡਿੰਗ ਦਾ ਸੁਰੱਖਿਆ ਪ੍ਰਮਾਣ ਪੱਤਰ (Building Safety Certificate) ਮਿਤੀ **31.03.2027** ਤੱਕ ਹੇਠ ਲਿਖੀਆਂ ਸ਼ਰਤਾਂ ਤੇ ਜਾਰੀ ਕੀਤਾ ਜਾਂਦਾ ਹੈ:-

1. ਨਿਰੀਖਣ ਤੋਂ ਬਾਅਦ ਜੇਕਰ ਸਕੂਲ ਮੁੱਖੀ ਵੱਲੋਂ ਨੱਥੀ ਪਲੈਨ ਵਿੱਚ ਦਰਸਾਈ ਗਈ ਬਿਲਡਿੰਗ ਦੇ ਸਟਰੱਕਚਰ ਵਿੱਚ ਕਿਸੇ ਵੀ ਕਿਸਮ ਦੀ ਤਬਦੀਲੀ ਕੀਤੀ ਜਾਂਦੀ ਹੈ ਜਾਂ ਨਵੀਂ ਉਸਾਰੀ ਕੀਤੀ ਜਾਂਦੀ ਹੈ ਤਾਂ ਬਿਲਡਿੰਗ ਦਾ ਸੇਫਟੀ ਸਰਟੀਫਿਕੇਟ ਰੱਦ ਸਮਝਿਆ ਜਾਵੇਗਾ।
2. ਜੇਕਰ ਕੋਈ ਕੁਦਰਤੀ ਆਫਤ ਕਾਰਨ ਜਾਂ ਕਿਸੇ ਵੀ ਕਾਰਨ ਬਿਲਡਿੰਗ ਨੂੰ ਨੁਕਸਾਨ ਹੁੰਦਾ ਹੈ ਤਾਂ ਵੀ ਸਕੂਲ ਮੁੱਖੀ ਨੂੰ ਤੁਰੰਤ ਇਸ ਦਫਤਰ ਨੂੰ ਸੂਚਿਤ ਕਰਨਾ ਪਵੇਗਾ ਤਾਂ ਜੋ ਬਣਦੀ ਕਾਰਵਾਈ ਕੀਤੀ ਜਾ ਸਕੇ।
3. ਇਸ ਬਿਲਡਿੰਗ ਦਾ ਫਾਇਰ ਸੇਫਟੀ ਸਰਟੀਫਿਕੇਟ, ਪੰਜਾਬ ਫਾਇਰ ਅਤੇ ਐਮਰਜੈਂਸੀ ਸਰਵਿਸਿਜ਼, ਨੰਗਲ ਵੱਲੋਂ ਉਹਨਾਂ ਦੇ ਸਰਟੀਫਿਕੇਟ. ਨੰ. **PBIP-(FIRE) 2026/4150** ਮਿਤੀ **16-03-2026** ਦੁਆਰਾ ਜਾਰੀ ਕੀਤਾ ਗਿਆ ਹੈ। ਫਾਇਰ ਸੇਫਟੀ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਅੱਗ ਬੁਝਾਊ ਯੰਤਰ ਤਸੱਲੀਬਖਸ਼ ਹੋਣੇ ਚਾਹੀਦੇ ਹਨ ਅਤੇ ਕਰਚਾਰੀ ਅੱਗ ਬਝਾਉਣ ਸਬੰਧੀ ਟਰੇਂਡ ਹੋਣੇ ਚਾਹੀਦੇ ਹਨ, ਇਸ ਨੂੰ ਯਕੀਨੀ ਬਣਾਇਆ ਜਾਵੇ।
4. ਉਕਤ ਕਿਸੇ ਵੀ ਹਾਲਤ ਵਿੱਚ ਜਾਂ ਹੋਰ ਕੋਈ ਕੁਦਰਤੀ/ਮਨੁੱਖੀ ਆਫਤਾਂ ਆਉਣ ਦੀ ਸੂਰਤ ਵਿੱਚ ਬਿਲਡਿੰਗ ਦੀ ਤੁਰੰਤ ਰੀ-ਇੰਨਸਪੈਕਸ਼ਨ ਕਰਾਉਣ ਦੀ ਨਿਰੋਲ ਜਿੰਮੇਵਾਰੀ ਕੇਵਲ ਬਿਨੈਕਾਰ ਦੀ ਹੋਵੇਗੀ।
5. ਜੇਕਰ ਸਕੂਲ ਵੱਲੋਂ ਸੇਫਟੀ ਨਾਲ ਸਬੰਧਤ ਕਿਸੇ ਵੀ ਸ਼ਰਤ ਦੀ ਉਲੰਘਣਾ ਕੀਤੀ ਜਾਂਦੀ ਹੈ ਤਾਂ ਇਸ ਵਿਭਾਗ ਵੱਲੋਂ ਜਾਰੀ ਕੀਤਾ ਸਰਟੀਫਿਕੇਟ ਰੱਦ ਕਰ ਦਿੱਤਾ ਜਾਵੇਗਾ।
6. ਰੋਡ ਅਸੈਸ ਸਬੰਧੀ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਵੱਲੋਂ ਭਵਿੱਖ ਵਿੱਚ ਜੋ ਵੀ ਫੈਸਲਾ ਕੀਤਾ ਜਾਵੇਗਾ, ਉਸ ਨੂੰ ਇਹ ਸੰਸਥਾ ਮੰਨਣ ਦੀ ਪਾਬੰਦ ਹੋਵੇਗੀ।
7. ਜੇਕਰ ਬਿਲਡਿੰਗ ਉੱਪਰ ਹੋਰ ਮੰਜਿਲ ਦੀ ਉਸਾਰੀ ਕੀਤੀ ਜਾਂਦੀ ਹੈ ਤਾਂ ਉਸ ਬਿਲਡਿੰਗ ਦੀਆਂ ਹੇਠਲੀਆਂ ਮੰਜਿਲਾਂ ਵਿੱਚ ਜਮਾਤਾਂ ਨਾ ਲਗਾਈਆਂ ਜਾਣ।
8. ਇਹ ਸਰਟੀਫਿਕੇਟ ਕਿਸੇ ਵੀ ਲੀਗਲ ਕੇਸਾਂ ਲਈ ਪ੍ਰਮਾਣਿਤ ਨਹੀਂ ਹੋਵੇਗਾ।
9. ਇਹ ਸਰਟੀਫਿਕੇਟ ਕੇਵਲ **Visual Inspection** ਦੇ ਆਧਾਰ ਤੇ ਕੇਵਲ **Structural Safety** ਪੱਖੋਂ ਕੀਤਾ ਗਿਆ ਹੈ। ਇਸ ਵਿੱਚ ਕੋਈ ਬਿਜਲੀ, ਮਸ਼ੀਨਰੀ, **Equipment** ਆਦਿ ਬਾਬਤ ਇਸ ਦਫਤਰ ਦੀ ਕੋਈ ਜਿੰਮੇਵਾਰੀ ਨਹੀਂ ਹੋਵੇਗੀ।

ਉਪ ਮੰਡਲ ਇੰਜੀਨੀਅਰ,
ਪ੍ਰੋਤਕ ਉਪ ਮੰਡਲ ਲੋ.ਨਿ.ਵਿ. ਭ ਤੇ ਮ ਸ਼ਾਖਾ,
ਸ੍ਰੀ ਅਨੰਦਪੁਰ ਸਾਹਿਬ।

Sub Divisional Engineer
Provl. Sub Division PWD B & R
Sri Anandpur Sahib

ਕਾਰਜਕਾਰੀ ਇੰਜੀਨੀਅਰ,
ਉਸਾਰੀ ਮੰਡਲ ਲੋ.ਨਿ.ਵਿ. ਭ ਤੇ ਮ ਸ਼ਾਖਾ,
ਰੂਪਨਗਰ।